**ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥ ਰਾਗੁ ਬਿਲਾਵਲੁ ਮਹਲਾ ੧ ਚਉਪਦੇ ਘਰੁ ੧ ॥ ਤੂ ਸੁਲਤਾਨੁ ਕਹਾ ਹਉ ਮੀਆ ਤੇਰੀ ਕਵਨ ਵਡਾਈ ॥ ਜੋ ਤੂ ਦੇਹਿ ਸੁ ਕਹਾ ਸੁਆਮੀ ਮੈ ਮੂਰਖ ਕਹਣੁ ਨ ਜਾਈ ॥੧॥ ਤੇਰੇ ਗੁਣ ਗਾਵਾ ਦੇਹਿ ਬੁਝਾਈ ॥ ਜੈਸੇ ਸਚ ਮਹਿ ਰਹਉ ਰਜਾਈ ॥੧॥ ਰਹਾਉ ॥ ਜੋ ਕਿਛੁ ਹੋਆ ਸਭੁ ਕਿਛੁ ਤੁਝ ਤੇ ਤੇਰੀ ਸਭ ਅਸਨਾਈ ॥ ਤੇਰਾ ਅੰਤੁ ਨ ਜਾਣਾ ਮੇਰੇ ਸਾਹਿਬ ਮੈ ਅੰਧੁਲੇ ਕਿਆ ਚਤੁਰਾਈ ॥੨॥ ਕਿਆ ਹਉ ਕਥੀ ਕਥੇ ਕਥਿ ਦੇਖਾ ਮੈ ਅਕਥੁ ਨ ਕਥਨਾ ਜਾਈ ॥ ਜੋ ਤੁਧੁ ਭਾਵੈ ਸੋਈ ਆਖਾ ਤਿਲੁ ਤੇਰੀ ਵਡਿਆਈ ॥੩॥ ਏਤੇ ਕੂਕਰ ਹਉ ਬੇਗਾਨਾ ਭਉਕਾ ਇਸੁ ਤਨ ਤਾਈ ॥ ਭਗਤਿ ਹੀਣੁ ਨਾਨਕੁ ਜੇ ਹੋਇਗਾ ਤਾ ਖਸਮੈ ਨਾਉ ਨ ਜਾਈ ॥੪॥੧॥** {ਪੰਨਾ }

ਪਦਅਰਥ:- ਕਹਾ ਹਉ—ਮੈਂ ਆਖਦਾ ਹਾਂ। ਕਵਨ ਵਡਾਈ—ਕੋਈ ਵਡਿਆਈ ਨਹੀਂ। ਕਹਾ—ਮੈਂ ਆਖਦਾ ਹਾਂ।1।

ਗਾਵਾ—ਮੈਂ ਗਾਵਾਂ। ਬੁਝਾਈ—ਸਮਝ, ਅਕਲ। ਜੈਸੇ—ਜਿਸ ਤਰ੍ਹਾਂ, ਤਾਂ ਜੋ। ਰਹਉ—ਮੈਂ ਟਿਕਿਆ ਰਹਾਂ। ਰਜਾਈ—ਹੇ ਰਜ਼ਾ ਦੇ ਮਾਲਕ-ਪ੍ਰਭੂ!।1। ਰਹਾਉ।

ਤੁਝ ਤੇ—ਤੈਥੋਂ। ਅਸਨਾਈ—ਨਾਈ, ਵਡਿਆਈ {'ਸ੍ਨਾ' ਅਰਬੀ ਲਫ਼ਜ਼ ਹੈ, ਅਰਥ ਹੈ 'ਵਡਿਆਈ'}। ਨੋਟ:- ਜਦੋਂ ਕਿਸੇ ਲਫ਼ਜ਼ ਦੇ ਸ਼ੁਰੂ ਵਿਚ ਦੋ ਜੁੜਵੇਂ ਅੱਖਰ ਹੋਣ ਜਿਨ੍ਹਾਂ ਵਿਚ ਪਹਿਲਾ ਅੱਖਰ 'ਸ' ਹੋਵੇ, ਤਾਂ ਪੰਜਾਬੀ-ਉਚਾਰਨ ਵਿਚ ਉਹਨਾਂ ਦੋਹਾਂ ਅੱਖਰਾਂ ਨੂੰ ਵਖ ਵਖ ਕਰ ਕੇ 'ਸ' ਦੇ ਪਹਿਲਾਂ 'ਅ' ਵਰਤ ਲਈਦਾ ਹੈ। ਜਾਂ, 'ਸ' ਉਡਾ ਹੀ ਦੇਈਦਾ ਹੈ; ਜਿਵੇਂ:

**(ਥਾਨ)** ਸ੍ਥਾਨ—ਅਸਥਾਨ, ਥਾਨ

**(ਤੰਭ)** ਸ੍ਤੰਭ—ਅਸਥੰਭ, ਥੰਭ, ਥੰਮ੍ਹ

**(ਟੇ_ਨ)** ਸ੍ਟੇਸ਼ਨ—ਅਸਟੇਸ਼ਨ, ਟੇਸ਼ਨ

**(ਨਾ)** ਸ੍ਨਾ—ਅਸਨਾਈ, ਨਾਈ {ਅਰਬੀ ਲਫ਼ਜ਼}

ਸਾਹਿਬ—ਹੇ ਸਾਹਿਬ! ਚਤੁਰਾਈ—ਅਕਲ, ਚਲਾਕੀ।2।

ਹਉ—ਮੈਂ। ਕਥੀ—ਮੈਂ ਬਿਆਨ ਕਰਾਂ। ਕਥੇ ਕਥਿ—ਕਥਿ ਕਥਿ, ਕਥ ਕੇ ਕਥ ਕੇ। ਦੇਖਾ—ਮੈਂ ਵੇਖਦਾ ਹਾਂ। ਅਕਥੁ—ਜਿਸ ਦੇ ਗੁਣ ਕਹੇ ਨ ਜਾ ਸਕਣ। ਤਿਲੁ—ਰਤਾ ਕੁ।3।

ਏਤੇ—ਇਤਨੇ, ਅਨੇਕਾਂ। ਕੂਕਰ—ਕੁੱਤੇ, ਕਾਮਾਦਿਕ ਵਿਕਾਰ। ਬੇਗਾਨਾ—ਓਪਰਾ। ਭਉਕਾ—ਮੈਂ

ਭੌਂਕਦਾ ਹਾਂ। ਇਸੁ ਤਨ ਤਾਈ—ਇਸ ਸਰੀਰ ਨੂੰ ਬਚਾਣ ਵਾਸਤੇ। ਖਸਮੈ ਨਾਉ—ਖਸਮ ਦਾ ਨਾਮ, ਖਸਮ ਦੀ ਬਜ਼ੁਰਗੀ, ਖਸਮ ਦੀ ਵਡਿਆਈ। ਨ ਜਾਈ—ਦੂਰ ਨਹੀਂ ਹੋ ਸਕਦੀ।

ਨੋਟ:- ਕੋਈ ਓਪਰਾ ਕੁੱਤਾ ਕਿਸੇ ਪਿੰਡ ਵਿਚ ਚਲਾ ਜਾਏ, ਤਾਂ ਉਥੋਂ ਦੇ ਸਾਰੇ ਕੁੱਤੇ ਰਲ ਕੇ ਉਸ ਨੂੰ ਵੱਢਣ ਪੈਂਦੇ ਹਨ। ਉਹ ਵਿਚਾਰਾ ਆਪਣੇ ਆਪ ਨੂੰ ਉਹਨਾਂ ਤੋਂ ਬਚਾਣ ਲਈ ਮਾੜਾ ਮਾੜਾ ਭੌਂਕਦਾ ਹੈ। ਇਹ ਦ੍ਰਿਸ਼ਟਾਂਤ ਦੇ ਕੇ ਸਤਿਗੁਰੂ ਜੀ ਆਖਦੇ ਹਨ ਕਿ ਇਸ ਓਪਰੇ ਜਗਤ ਵਿਚ ਮੈਂ ਇਕੱਲਾ ਹਾਂ ਤੇ ਕਾਮਾਦਿਕ ਅਨੇਕਾਂ ਕੁੱਤੇ ਮੈਨੂੰ ਵੱਢਣ ਪੈ ਰਹੇ ਹਨ। ਇਹਨਾਂ ਤੋਂ ਬਚਣ ਲਈ ਮੈਂ ਤੇਰੇ ਦਰ ਤੇ ਤਰਲੇ ਲੈ ਰਿਹਾ ਹਾਂ, ਜਿਵੇਂ ਉਹ ਓਪਰਾ ਕੁੱਤਾ ਦੂਜੇ ਕੁੱਤਿਆਂ ਤੋਂ ਬਚਣ ਲਈ ਭੌਂਕਦਾ ਹੈ।4।

ਅਰਥ:- ਹੇ ਰਜ਼ਾ ਦੇ ਮਾਲਕ-ਪ੍ਰਭੂ! ਤੂੰ ਸਦਾ ਕਾਇਮ ਰਹਿਣ ਵਾਲਾ ਹੈਂ। ਮੈਨੂੰ (ਅਜੇਹੀ) ਸਮਝ ਬਖ਼ਸ਼ ਕਿ ਮੈਂ ਤੇਰੀ ਸਿਫ਼ਤਿ-ਸਾਲਾਹ ਕਰ ਸਕਾਂ, ਤੇ, ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਮੈਂ ਤੇਰੇ (ਚਰਨਾਂ) ਵਿਚ ਟਿਕਿਆ ਰਹਿ ਸਕਾਂ।1। ਰਹਾਉ।

ਹੇ ਪ੍ਰਭੂ! ਤੇਰੀ ਸਿਫ਼ਤਿ-ਸਾਲਾਹ ਕਰ ਕੇ ਮੈਂ ਤੇਰੀ ਵਡਿਆਈ ਨਹੀਂ ਕਰ ਰਿਹਾ, (ਇਹ ਤਾਂ ਇਉਂ ਹੀ ਹੈ ਕਿ) ਤੂੰ ਬਾਦਸ਼ਾਹ ਹੈਂ, ਤੇ ਮੈਂ ਤੈਨੂੰ ਮੀਆਂ ਆਖ ਰਿਹਾ ਹਾਂ। (ਪਰ ਇਤਨੀ ਕੁ ਸਿਫ਼ਤਿ-ਸਾਲਾਹ ਕਰਨੀ ਮੇਰੀ ਆਪਣੀ ਸਮਰੱਥਾ ਨਹੀਂ ਹੈ) ਹੇ ਮਾਲਕ-ਪ੍ਰਭੂ! (ਸਿਫ਼ਤਿ-ਸਾਲਾਹ ਕਰਨ ਦਾ) ਜਿਤਨਾ ਕੁ ਬਲ ਤੂੰ ਦੇਂਦਾ ਹੈਂ ਮੈਂ ਉਤਨਾ ਕੁ ਤੇਰੇ ਗੁਣ ਆਖ ਲੈਂਦਾ ਹਾਂ। ਮੈਂ ਅੰਞਾਣ ਪਾਸੋਂ ਤੇਰੇ ਗੁਣ ਬਿਆਨ ਨਹੀਂ ਹੋ ਸਕਦੇ।1।

ਇਹ ਜਿਤਨਾ ਕੁ ਜਗਤ ਬਣਿਆ ਹੋਇਆ ਹੈ ਇਹ ਸਾਰਾ ਤੈਥੋਂ ਹੀ ਬਣਿਆ ਹੈ, ਇਹ ਸਾਰੀ ਤੇਰੀ ਹੀ ਬਜ਼ੁਰਗੀ ਹੈ। ਹੇ ਮਾਲਕ-ਪ੍ਰਭੂ! ਮੈਂ ਤੇਰੇ ਗੁਣਾਂ ਦਾ ਅੰਤ ਨਹੀਂ ਜਾਣ ਸਕਦਾ। ਮੈਂ ਅੰਨ੍ਹਾ ਹਾਂ (ਤੁੱਛ-ਅਕਲ ਹਾਂ) ਮੇਰੇ ਵਿਚ ਕੋਈ ਐਸੀ ਸਿਆਣਪ ਨਹੀਂ ਹੈ (ਕਿ ਮੈਂ ਤੇਰੇ ਗੁਣਾਂ ਦਾ ਅੰਤ ਜਾਣ ਸਕਾਂ।2।

ਮੈਂ ਤੇਰੇ ਗੁਣ ਬਿਲਕੁਲ ਨਹੀਂ ਕਹਿ ਸਕਦਾ। ਤੇਰੇ ਗੁਣ ਆਖ ਆਖ ਕੇ ਜਦੋਂ ਮੈਂ ਵੇਖਦਾ ਹਾਂ (ਤਾਂ ਮੈਨੂੰ ਸਮਝ ਪੈਂਦੀ ਹੈ ਕਿ) ਤੇਰਾ ਸਰੂਪ ਬਿਆਨ ਤੋਂ ਪਰੇ ਹੈ, ਮੈਂ ਬਿਆਨ ਕਰਨ ਜੋਗਾ ਨਹੀਂ ਹਾਂ। ਤੇਰੀ ਰਤਾ ਮਾਤ੍ਰ ਵਡਿਆਈ ਭੀ ਜੇਹੜੀ ਮੈਂ ਆਖਦਾ ਹਾਂ ਉਹੀ ਆਖਦਾ ਹਾਂ ਜੋ ਤੈਨੂੰ ਭਾਉਂਦੀ ਹੈ (ਭਾਵ, ਜਿਤਨੀ ਕੁ ਤੂੰ ਬਿਆਨ ਕਰਨ ਲਈ ਆਪ ਹੀ ਸਮਝ ਦੇਂਦਾ ਹੈਂ)।3।

(ਹੇ ਪ੍ਰਭੂ! ਇਥੇ ਕਾਮਾਦਿਕ) ਅਨੇਕਾਂ ਕੁੱਤੇ ਹਨ, ਮੈਂ (ਇਹਨਾਂ ਵਿਚ) ਓਪਰਾ (ਆ ਫਸਿਆ) ਹਾਂ, (ਜਿਤਨੀ ਕੁ ਤੇਰੀ ਸਿਫ਼ਤਿ-ਸਾਲਾਹ ਕਰਦਾ ਹਾਂ ਉਹ ਭੀ ਮੈਂ) ਆਪਣੇ ਇਸ ਸਰੀਰ ਨੂੰ (ਕਾਮਾਦਿਕ

ਕੁੱਤਿਆਂ ਤੋਂ ਬਚਾਣ ਲਈ ਭੌਂਕਦਾ ਹੀ ਹਾਂ, ਜਿਵੇਂ ਓਪਰਾ ਕੁੱਤਾ ਵੈਰੀ ਕੁੱਤਿਆਂ ਤੋਂ ਬਚਣ ਲਈ ਭੌਂਕਦਾ ਹੈ)। (ਮੈਨੂੰ ਇਹ ਧਰਵਾਸ ਹੈ ਕਿ) ਜੇ (ਤੇਰਾ ਦਾਸ) ਨਾਨਕ ਭਗਤੀ ਤੋਂ ਸੱਖਣਾ ਹੈ (ਤਾਂ ਭੀ ਤੂੰ ਮੇਰੇ ਸਿਰ ਤੇ ਰਾਖਾ ਖਸਮ ਹੈਂ, ਤੇ ਤੈਂ) ਖਸਮ ਦੀ ਇਹ ਸੋਭਾ ਦੂਰ ਨਹੀਂ ਹੋ ਗਈ (ਕਿ ਤੂੰ ਮੁੱਢ ਕਦੀਮਾਂ ਤੋਂ ਸਰਨ ਆਏ ਦੀ ਸਹੈਤਾ ਕਰਦਾ ਆਇਆ ਹੈਂ)।4।1।